# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 14-07-2025**

ਐਕਸੀਓਮ-4 ਮਿਸ਼ਨ 'ਤੇ ਗਏ ਭਾਰਤੀ ਪੁਲਾੜ ਯਾਤਰੀ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਅਤੇ ਤਿੰਨ ਹੋਰਨਾ ਦੀ ਵਾਪਸੀ ਅੱਜ ਸ਼ੁਰੂ ਹੋਵੇਗੀ । ਵਿਗਿਆਨ ਅਤੇ ਤਕਨਾਲੋਜੀ ਮੰਤਰੀ ਡਾ. ਜਿਤੇਂਦਰ ਸਿੰਘ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਕਿਹਾ ਕਿ ਵਾਪਸੀ ਯਾਤਰਾ ਭਾਰਤੀ ਸਮੇਂ ਅਨੁਸਾਰ ਸ਼ਾਮ ਸਾਢੇ 4 ਵਜੇ ਸ਼ੁਰੂ ਹੋਵੇਗੀ ਅਤੇ ਮਿਸ਼ਨ ਦੇ ਮੈਂਬਰ ਕੱਲ੍ਹ ਦੁਪਹਿਰ ਕਰੀਬ 3 ਵਜੇ ਧਰਤੀ 'ਤੇ ਪਹੁੰਚਣਗੇ। ਪਹੁੰਚਣ ਤੋਂ ਬਾਅਦ, ਸ਼ੁਭਾਂਸ਼ੂ ਸ਼ੁਕਲਾ ਅਤੇ ਤਿੰਨ ਹੋਰ ਮੈਂਬਰਾਂ ਨੂੰ ਸੱਤ ਦਿਨਾਂ ਲਈ ਫਲਾਈਟ ਸਰਜਨਾਂ ਦੀ ਨਿਗਰਾਨੀ ਹੇਠ ਰੱਖਿਆ ਜਾਵੇਗਾ ਤਾਂ ਜੋ ਉਹ ਧਰਤੀ ਦੀ ਗੁਰੂਤਾ ਖਿੱਚ ਦੇ ਅਨੁਕੂਲ ਹੋ ਸਕਣ। ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ 14 ਦਿਨਾਂ ਦੇ ਮਿਸ਼ਨ 'ਤੇ ਅੰਤਰ-ਰਾਸ਼ਟਰੀ ਪੁਲਾੜ ਕੇਂਦਰ ਵਿੱਚ ਨੇ । ਉਹ ਅੰਤਰ-ਰਾਸ਼ਟਰੀ ਪੁਲਾੜ ਕੇਂਦਰ ਤੱਕ ਪਹੁੰਚਣ ਵਾਲੇ ਪਹਿਲੇ

ਭਾਰਤੀ ਅਤੇ ਪੁਲਾੜ ਵਿੱਚ ਜਾਣ ਵਾਲੇ ਦੂਜੇ ਭਾਰਤੀ ਨੇ । ਇਸ ਤੋਂ ਪਹਿਲਾਂ, ਵਿੰਗ ਕਮਾਂਡਰ ਰਾਕੇਸ਼ ਸ਼ਰਮਾ 1984 ਵਿੱਚ ਪੁਲਾੜ ਵਿੱਚ ਗਏ ਸਨ। ਸ਼ੁਭਾਂਸ਼ੂ ਸ਼ੁਕਲਾ ਨੇ ਪੁਲਾੜ ਕੇਂਦਰ ਵਿੱਚ ਭਾਰਤੀ ਵਿਗਿਆਨੀਆਂ ਵਲੋਂ ਵਿਕਸਤ ਕੀਤੇ ਸੱਤ ਪ੍ਰਯੋਗ ਕੀਤੇ ਸਨ। ਉੱਤਰ ਪ੍ਰਦੇਸ਼ ਦੇ ਲਖਨਊ ਵਿੱਚ ਪੱਤਰਕਾਰਾਂ ਨਾਲ ਗੱਲ ਕਰਦੇ ਹੋਏ, ਸ਼ੁਭਾਂਸ਼ੂ ਸ਼ੁਕਲਾ ਦੇ ਪਿਤਾ ਸ਼ੰਭੂ ਦਿਆਲ ਸ਼ੁਕਲਾ ਨੇ ਕਿਹਾ ਕਿ ਉਹ, ਉਸਦੀ ਸੁਰੱਖਿਅਤ ਵਾਪਸੀ ਲਈ ਲਗਾਤਾਰ ਪਰਮਾਤਮਾ ਅੱਗੇ ਪ੍ਰਾਰਥਨਾ ਕਰ ਰਹੇ ਨੇ । BYTE:

---------------------------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਵੱਲੋਂ ਪੰਚਾਇਤੀ ਚੋਣਾਂ ਲਈ ਅਧਿਕਾਰਿਕ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਏ । ਨੋਟੀਫਿਕੇਸ਼ਨ ਮੁਤਾਬਿਕ ਇਹ ਚੋਣਾਂ, 15 ਅਕਤੂਬਰ 2024 ਨੂੰ ਹੋਈਆਂ ਗ੍ਰਾਮ ਪੰਚਾਇਤ ਚੋਣਾਂ ਤੋਂ ਬਾਅਦ ਖਾਲੀ ਹੋਈਆਂ ਸਰਪੰਚ ਅਤੇ ਪੰਚਾਂ ਦੀਆਂ ਅਸਾਮੀਆਂ ਨੂੰ ਭਰਨ ਲਈ ਕਰਵਾਈਆਂ ਜਾਣਗੀਆਂ। ਕਾਰਵਾਈ ਲਈ ਨਾਮਜ਼ਦਗੀ ਪੱਤਰ ਭਰਨ ਦੀ ਸ਼ੁਰੂਆਤ ਅੱਜ 11 ਵਜੇ ਹੋਈ ਜੋ ਦੁਪਹਿਰ 3 ਵਜੇ ਤੱਕ ਕੀਤੀ ਜਾਵੇਗੀ ਅਤੇ ਨਾਮਜ਼ਦਗੀਆਂ 17 ਜੁਲਾਈ ਤਕ ਭਰੀਆਂ ਜਾ

ਸਕਦੀਆਂ ਨੇ । ਕਾਗਜਾਂ ਦੀ ਜਾਂਚ 18 ਜੁਲਾਈ ਨੂੰ ਕੀਤੀ ਜਾਵੇਗੀ। ਉਮੀਦਵਾਰੀ ਵਾਪਸ ਲੈਣ ਦੀ ਆਖਰੀ ਤਰੀਕ 19 ਜੁਲਾਈ ਏ. ਵੋਟਾਂ, 27 ਜੁਲਾਈ ਨੂੰ ਸਵੇਰੇ 8 ਤੋਂ ਸ਼ਾਮ 4 ਵਜੇ ਤੱਕ ਪੈਣਗੀਆਂ । ਚੋਣ ਪ੍ਰਕਿਰਿਆ ਪੂਰੀ ਹੋਣ ਦੀ ਤਰੀਕ 28 ਜੁਲਾਈ ਏ । ਵੱਖ ਵੱਖ ਜ਼ਿਲਾ ਚੋਣ ਅਧਿਕਾਰੀਆਂ ਨੇ ਇਸ ਬਾਰੇ ਕਾਰਵਾਈ ਸ਼ੁਰੂ ਕਰ ਦਿਤੀ ਏ ।

--------------------------------------------------------------------------

ਪੰਜਾਬ ਪੁਲਿਸ ਨੇ ਸੂਬੇ ਵਿੱਚੋਂ ਨਸ਼ੀਲੇ ਪਦਾਰਥਾਂ ਦੇ ਮੁਕੰਮਲ ਖਾਤਮੇ ਲਈ, ਚਲਾਈ ਜੰਗ "ਯੁੱਧ ਨਸ਼ਿਆਂ ਵਿਰੁੱਧ" ਤਹਿਤ ਕੱਲ 113 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 4 ਕਿਲੋ ਤੋਂ ਵੱਧ ਹੈਰੋਇਨ, 500 ਗ੍ਰਾਮ ਗਾਂਜਾ, 120 ਕਿਲੋ ਭੁੱਕੀ ਅਤੇ 24 ਹਜ਼ਾਰ 210 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਏ । ਇਸ ਨਾਲ, ਸਿਰਫ਼ 134 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ 21 ਹਜ਼ਾਰ 819 ਹੋ ਗਈ ਏ । ਇਹ ਆਪਰੇਸ਼ਨ ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ। ਕਾਨੂੰਨ ਅਤੇ ਵਿਵਸਥਾ ਬਾਰੇ ਵਿਸ਼ੇਸ਼ DGP ਅਰਪਿਤ ਸ਼ੁਕਲਾ ਨੇ ਦਸਿਆ ਕਿ 180 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ

ਭਰ ਵਿੱਚ 423 ਥਾਵਾਂ ’ਤੇ ਛਾਪੇਮਾਰੀ ਕੀਤੀ ਜਿਸ ਦੇ ਚਲਦਿਆਂ ਸੂਬੇ ਭਰ ਵਿੱਚ 93 ਮਾਮਲੇ ਦਰਜ ਕੀਤੇ ਗਏ । ਉਨ੍ਹਾਂ  ਕਿਹਾ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 453 ਸ਼ੱਕੀ ਵਿਅਕਤੀਆਂ ਦੀ ਵੀ ਜਾਂਚ ਕੀਤੀ ਏ ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ - ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਨਸ਼ਨ ਲਾਗੂ ਕੀਤੀ ਗਈ ਏ ਅਤੇ ਪੰਜਾਬ ਪੁਲਿਸ ਨੇ 81 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਏ ।

---------------------------------------------------------------------

ਭਾਰਤ ਦੇ ਵਿਗਿਆਨ ਅਤੇ ਦ੍ਰਿੜ ਇਰਾਦੇ ਦੀ ਇੱਕ ਇਤਿਹਾਸਕ ਪ੍ਰਾਪਤੀ, ਚੰਦਰਯਾਨ-3 ਨੇ ਅੱਜ ਆਪਣੇ ਪਰੀਖਣ ਦੇ ਦੋ ਸਾਲ ਪੂਰੇ ਕਰ ਲਏ ਨੇ । ਇਸ ਮਿਸ਼ਨ ਦਾ ਮੁੱਖ ਉਦੇਸ਼ ਲੈਂਡਰ ਅਤੇ ਰੋਵਰ ਨੂੰ ਚੰਦਰਮਾ ਦੇ ਦੱਖਣੀ ਧਰੁਵ ਦੇ ਨੇੜੇ ਉੱਚਾਈ ਵਾਲੇ ਖੇਤਰਾਂ ਵਿੱਚ ਰੱਖਣਾ ਅਤੇ ਪੂਰੀ ਲੈਂਡਿੰਗ ਅਤੇ ਰੋਵਿੰਗ ਸਮਰੱਥਾਵਾਂ ਦਾ ਪ੍ਰਦਰਸ਼ਨ ਕਰਨਾ ਸੀ। ਸਾਲ 2023 ਵਿੱਚ ਅੱਜ ਦੇ ਦਿਨ, ਭਾਰਤੀ ਪੁਲਾੜ ਖੋਜ ਸੰਗਠਨ-ਇਸਰੋ ਵਲੋਂ

ਵਿਕਸਤ ਕੀਤੇ ਗਏ LVM-3 M4 ਰਾਕੇਟ ਨੇ ਚੰਦਰਯਾਨ-3 ਨੂੰ ਸਫਲਤਾਪੂਰਵਕ ਪੰਧ ਵਿੱਚ ਛਡਿਆ ਸੀ।

---------------------------------------------------------------------

ਪੰਜਾਬ ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਪੰਜਾਬੀ ਸੱਭਿਆਚਾਰ, ਭੰਗੜਾ, ਗਿੱਧਾ ਪੰਜਾਬੀਆਂ ਦੀ ਇੱਕ ਅਮੀਰ ਅਤੇ ਕੀਮਤੀ ਵਿਰਾਸਤ ਏ।ਕੱਲ ਫਰੀਦਕੋਟ ਵਿਚ ਪੰਜਾਬ ਵਿਰਾਸਤ ਭੰਗੜਾ ਅਕੈਡਮੀ ਵੱਲੋਂ ਕੱਲ ਕਰਵਾਏ ਗਏ 5ਵੇਂ ਸੂਬਾ ਪੱਧਰੀ ਭੰਗੜਾ ਅਤੇ ਗਿੱਧਾ ਸਮਾਰੋਹ ਦੌਰਾਨ ਸ਼ਿਰਕਤ ਕਰਦਿਆਂ ਉਨ੍ਹਾਂ ਇਹ ਗੱਲ ਕਹੀ। ਸਪੀਕਰ ਸੰਧਵਾਂ ਨੇ ਕਿਹਾ ਕਿ ਸਾਡਾ ਵਿਰਸਾ ਸਾਡਾ ਮਾਣ ਏ ਤੇ ਅੱਜ ਇਸ ਵਿਰਸੇ ਨੂੰ ਸਾਂਭਣ ਦੀ ਜਰੂਰਤ ਏ। ਉਨ੍ਹਾਂ ਕਿਹਾ ਕਿ ਸਾਡੇ ਲੋਕ-ਨਾਚ, ਗਿੱਧੇ ਤੇ ਭੰਗੜੇ ਦੀ ਬਦੌਲਤ ਨਾ ਕੇਵਲ ਭਾਰਤ ਵਿੱਚ ਸਗੋਂ ਵਿਸ਼ਵ ਦੇ ਜਿਨ੍ਹਾਂ ਦੇਸ਼ਾਂ ਵਿੱਚ ਵੀ ਪੰਜਾਬੀ ਗਏ ਹਨ, ਉੱਥੇ ਸੱਭਿਆਚਾਰ ਕਾਰਨ ਹੀ ਪੰਜਾਬੀਆਂ ਦੀ ਵਿਲੱਖਣ ਪਛਾਣ ਬਣ ਚੁੱਕੀ ਏ। ਉਨ੍ਹਾਂ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਸਦਕਾ ਹੀ ਬੱਚੇ ਭੰਗੜਾ ਅਤੇ ਗਿੱਧਾ ਸਿੱਖ ਰਹੇ ਹਨ। ਉਨ੍ਹਾਂ ਆਪਣੇ ਅਖਤਿਆਰੀ ਕੋਟੇ ਵਿੱਚੋਂ ਅਕੈਡਮੀ ਨੂੰ 51 ਹਜਾਰ ਰੁਪਏ ਦੇਣ ਦਾ

ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਉਣ ਲਈ ਅਜਿਹੇ ਸੱਭਿਆਚਾਰਕ ਪ੍ਰੋਗਰਾਮ ਕਰਵਾਉਣੇ ਬਹੁਤ ਜਰੂਰੀ ਹਨ ਤਾਂ ਜੋ ਨੌਜਵਾਨ ਪੀੜੀ ਨੂੰ ਪੰਜਾਬੀ ਸੱਭਿਆਚਾਰ ਨਾਲ ਜੋੜਿਆ ਜਾ ਸਕੇ।

-----------------------------------------------------------------------

ਸੀਮਾ ਸੁਰੱਖਿਆ ਬਲ ਨੇ ਗੁਰਦਾਸਪੁਰ ਸਰਹੱਦ ਵਿੱਚ ਚੌਤਰਾ ਚੌਕੀ 'ਤੇ ਸਰਹੱਦ ਪਾਰ ਕਰਨ ਦੀ ਕੋਸ਼ਿਸ਼ ਕਰਦੇ ਹੋਏ ਇੱਕ 40 ਸਾਲਾ ਪਾਕਿਸਤਾਨੀ ਨਾਗਰਿਕ ਨੂੰ ਗ੍ਰਿਫ਼ਤਾਰ ਕੀਤਾ ਏ । ਉਸਦੀ ਪਛਾਣ ਪਾਕਿਸਤਾਨ ਦੇ ਜ਼ਿਲ੍ਹਾ ਨਾਰੋਵਾਲ ਵਾਸੀ ਤਨਵੀਰ ਕਾਲਾ ਵਜੋਂ ਹੋਈ ਏ । ਬੀਐਸਐਫ ਨੇ ਉਸਨੂੰ ਹਿਰਾਸਤ ਵਿੱਚ ਲੈਕੇ ਪੁੱਛਗਿੱਛ ਸ਼ੁਰੂ ਕਰ ਦਿੱਤੀ ਏ ।

-----------------------------------------------------------------------

ਇਸ ਸਾਲ ਅਮਰਨਾਥ ਯਾਤਰਾ 'ਤੇ ਆਉਣ ਵਾਲੇ ਸ਼ਰਧਾਲੂਆਂ ਦੀ ਗਿਣਤੀ ਕੱਲ੍ਹ 2 ਲੱਖ ਤੋਂ ਵੱਧ ਹੋ ਗਈ।ਅਧਿਕਾਰੀਆਂ ਨੇ ਦੱਸਿਆ ਕਿ ਕੱਲ੍ਹ 17 ਹਜ਼ਾਰ ਤੋਂ ਵੱਧ ਸ਼ਰਧਾਲੂਆਂ ਨੇ ਸ਼੍ਰੀ ਅਮਰਨਾਥ ਗੁਫਾ ਵਿੱਚ ਪਵਿੱਤਰ ਬਰਫ਼ ਵਾਲੇ ਸ਼ਿਵਲਿੰਗ ਦੇ ਦਰਸ਼ਨ ਕੀਤੇ। ਹੁਣ ਤੱਕ ਕੁੱਲ ਦੋ

ਲੱਖ 63 ਹਜ਼ਾਰ ਸ਼ਰਧਾਲੂ ਅਮਰਨਾਥ ਗੁਫਾ ਦੇ ਦਰਸ਼ਨ ਕਰ ਚੁੱਕੇ ਹਨ। ਸ੍ਰੀ ਅਮਰਨਾਥ ਯਾਤਰਾ 3 ਜੁਲਾਈ ਨੂੰ ਸ਼ੁਰੂ ਹੋਈ ਸੀ ਅਤੇ ਇਹ 9 ਅਗਸਤ ਨੂੰ ਸਾਉਣ ਦੀ ਪੂਰਨਮਾਸੀ 'ਤੇ ਸਮਾਪਤ ਹੋਵੇਗੀ।

-------------------------------------------------------------------------

ਭਗਵਾਨ ਸ਼ਿਵਜੀ ਜੀ ਨੂੰ ਸਮਰਪਿਤ ਸਾਉਣ ਮਹੀਨੇ ਦੀ ਸ਼ੁਰੂਆਤ ਹੋ ਚੁੱਕੀ ਏ । ਸਾਉਣ ਮਹੀਨੇ ਦੇ ਪਹਿਲੇ ਸੋਮਵਾਰ ਮੌਕੇ ਅੱਜ ਸਵੇਰ ਤੋਂ ਮੰਦਰਾਂ ਵਿਚ ਵੱਡੀ ਗਿਣਤੀ ਵਿਚ ਸ਼ਰਧਾਲੂ ਨਤਮਸਤਕ ਹੋ ਰਹੇ ਨੇ । ਅੰਮ੍ਰਿਤਸਰ ਦੇ ਪ੍ਰਾਚੀਨ ਤੇ ਇਤਿਹਾਸਿਕ ਸ਼ਿਵਾਲਾ ਮੰਦਰ 'ਚ ਭਗਤਾ ਦਾ ਭਾਰੀ ਇਕੱਠ ਵੇਖਣ ਨੂੰ ਮਿਲਿਆ । ਸੂਬੇ ਭਰ ਦੇ ਸ਼ਿਵ ਮੰਦਰਾਂ ਵਿਚ ਸ਼ਰਧਾਲੂ ਬੇਲ ਪੱਤਰ, ਧੁੱਧ ਤੇ ਹੋਰ ਸਮੱਗਰੀ ਨਾਲ ਭਗਵਾਨ ਸ਼ਿਵਜੀ ਦੀ ਪੂਜਾ ਅਰਚਨਾ ਕਰਦੇ ਨਜ਼ਰ ਆਏ ।

-------------------------------------------------------------------------

ਅੱਜ ਮੋਹਾਲੀ, ਪਟਿਆਲਾ, ਫਾਜ਼ਿਲਕਾ, ਮੁਕਤਸਰ ਅਤੇ ਫਰੀਦਕੋਟ ਅਤੇ ਜਲੰਧਰ ਸਮੇਤ ਪੰਜਾਬ ਦੇ ਕਈ ਜ਼ਿਲਿਆਂ ਵਿਚ ਦਰਮਿਆਨੀ ਤੋਂ ਭਾਰੀ ਵਰਖਾ ਹੋ ਰਹੀ ਏ । ਇਸ ਨਾਲ ਤਾਪਮਾਨ ਵਿਚ 1.2 ਡਿਗਰੀ ਸੈਲਸੀਅਸ ਦੀ ਗਿਰਾਵਟ ਦਰਜ ਕੀਤੀ ਗਈ ਅਤੇ ਘੱਟ ਤੋਂ ਘੱਟ

ਤਾਪਮਾਨ ਪਠਾਨਕੋਟ ਵਿਚ 24 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇਸੇ ਤਰਾਂ ਸੂਬੇ ਭਰ ਵਿਚ ਅੱਜ ਸਵੇਰੇ ਤਾਪਮਾਨ 24 ਤੋਂ 28 ਡਿਗਰੀ ਸੈਲਸੀਅਸ ਦਰਮਿਆਨ ਹੀ ਰਿਹਾ ਏ । ਇਸ ਨਾਲ ਮੌਸਮ ਸੁਹਾਵਣਾ ਬਣਿਆ ਹੋਇਆ। ਮੌਸਮ ਵਿਭਾਗ ਨੇ ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼, ਜੰਮੂ ਅਤੇ ਕਸ਼ਮੀਰ ਅਤੇ ਉੱਤਰ-ਪੂਰਬੀ ਰਾਜਾਂ ਵਿੱਚ ਅਗਲੇ ਦੋ-ਤਿੰਨ ਦਿਨਾਂ ਦੌਰਾਨ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ। ਮੌਸਮ ਵਿਭਾਗ ਵਲੋਂ 15 ਤੋਂ 17 ਜੁਲਾਈ ਤੱਕ ਹਰਿਆਣਾ ਅਤੇ ਚੰਡੀਗੜ੍ਹ ਵਿੱਚ ਕੁਝ ਥਾਵਾਂ 'ਤੇ ਅਤੇ 18 ਅਤੇ 19 ਜੁਲਾਈ ਨੂੰ ਕੁਝ ਥਾਵਾਂ 'ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਸੰਭਾਵਨਾ ਏ। ਉਧਰ ਸ਼ਿਮਲਾ ਮੌਸਮ ਵਿਭਾਗ ਨੇ ਵੱਖ ਵੱਖ ਜ਼ਿਲ੍ਹਿਆਂ ਵਿੱਚ ਅੱਜ ਲਈ ਭਾਰੀ ਬਾਰਿਸ਼ ਲਈ ਓਰੇਂਜ ਤੇ ਯੈਲੋ ਅਲਰਟ ਜਾਰੀ ਕੀਤਾ ਏ।

------------------------------------------------------------

ਲੰਡਨ ਵਿੱਚ ਲਾਰਡ੍ਸ ਵਿਖੇ ਐਂਡਰਸਨ-ਤੇਂਦੁਲਕਰ ਟਰਾਫੀ ਦੇ ਤੀਜੇ ਟੈਸਟ ਮੈਚ ਦੇ ਅੱਜ 5ਵੇਂ ਦਿਨ ਭਾਰਤ ਨੂੰ ਜਿੱਤ ਲਈ 135 ਦੌੜਾਂ ਦੀ ਲੋੜ ਏ। ਅੱਜ ਪੰਜਵੇਂ ਦਿਨ ਦਾ ਮੈਚ ਭਾਰਤੀ ਸਮੇਂ ਅਨੁਸਾਰ ਦੁਪਹਿਰ ਸਾਢੇ 3 ਵਜੇ ਸ਼ੁਰੂ ਹੋਵੇਗਾ। ਇਸ ਤੋਂ ਪਹਿਲਾਂ, ਭਾਰਤ ਨੇ ਮੇਜ਼ਬਾਨ

ਇੰਗਲੈਂਡ ਨੂੰ 192 ਦੌੜਾਂ 'ਤੇ ਆਊਟ ਕਰ ਦਿੱਤਾ ਅਤੇ ਭਾਰਤ ਨੂੰ ਜਿੱਤ ਲਈ 193 ਦੌੜਾਂ ਦਾ ਟੀਚਾ ਮਿਲਿਆ। ਭਾਰਤ ਵੱਲੋਂ ਵਾਸ਼ਿੰਗਟਨ ਸੁੰਦਰ ਨੇ 4 ਵਿਕਟਾਂ ਲਈਆਂ। ਮੁਹੰਮਦ ਸਿਰਾਜ ਅਤੇ ਜਸਪ੍ਰੀਤ ਬੁਮਰਾਹ ਨੇ 2-2 ਵਿਕਟਾਂ ਲਈਆਂ। ਪਹਿਲੀ ਪਾਰੀ ਵਿੱਚ ਸੈਂਕੜਾ ਬਣਾਉਣ ਵਾਲੇ ਕੇ.ਐਲ ਰਾਹੁਲ, 33 ਦੌੜਾਂ ਬਣਾ ਕੇ ਨਾਬਾਦ ਨੇ ਅਤੇ ਜਿੱਤ ਪ੍ਰਾਪਤ ਕਰਨ ਵਿੱਚ, ਮਹੱਤਵਪੂਰਨ ਭੂਮਿਕਾ ਨਿਭਾ ਸਕਦੇ ਨੇ।